## ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

**ਮੀਮੋਨੰ: Transfer Cell/2023/**322388/413 **ਮਿਤੀ:** 24/05/2023.

**ਜਨਤਕ ਸੂਚਨਾਂ**

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੂੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy - 2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-1CT- 2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2023 ਦੌਰਾਨ ਜਾਰੀ ਜਨਤਕ ਸੂਚਨਾਂ ਮੀਮੋ ਨੰ. **Transfer** Cell/2022/322388/409 ਮਿਤੀ 16.05.2023 ਅਤੇ Transfer Cell/2022/322388/411 ਮਿਤੀ 21.05.2023 ਰਾਹੀਂ ਵਿਭਾਗ ਵਲੋਂ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਬਦਲੀਆਂ ਲਈ Station Choice ਮੰਗੀ ਗਈ ਸੀ। ਜੋ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਮਿਤੀ 20.05.2023 ਅਤੇ 23.05.2023 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਵਿਭਾਗ ਵਲੋਂ ਬਦਲੀਆਂ ਦੇ ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਬਦਲੀਆਂ ਕੀਤੀਆਂ ਜਾਈਆਂ ਹਨ। ਜਿੰਨਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 25.05.2023 ਤੋਂ 27.05.2023 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ,

ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ/ਕਰਮਚਾਰੀ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ/ਕੰਪਿਊਟਰ ਫੈਕਲਟੀ/ਕਰਮਚਾਰੀ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

**ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ**